ਦਫਤਰ ਨਗਰ ਕੌਂਸਲ ਰਾਮਦਾਸ (ਜਿਲ੍ਹਾ ਅੰਮ੍ਰਿਤਸਰ)

ਨੰਬਰ:- 987 ਮਿਤੀ:- 04/10/2021

ਪਬਲਿਕ ਨੋਟਿਸ

ਨਗਰ ਕੌਂਸਲ ਰਾਮਦਾਸ ਵੱਲੋਂ ਮੰਤਰੀ ਪ੍ਰੀਸ਼ਦ ਦੀ ਮਿਤੀ 18-06-2021 ਨੂੰ ਹੋਈ ਮੀਟਿੰਗ ਵਿੱਚ ਲਏ ਗਏ ਫੈਸਲੇ ਨੂੰ ਲਾਗੂ ਕਰਨ ਸਬੰਧੀ ਆਪਣੇ ਮਤਾ ਨੰ. 06 ਮਿਤੀ 08-07-2021 ਰਾਹੀਂ ਸਫਾਈ ਸੇਵਕਾਂ ਦੀ ਰਚਨਾ ਕਰਨਾ ਪ੍ਰਵਾਨ ਕੀਤਾ ਗਿਆ ਸੀ। ਉਕਤ ਦੀ ਪ੍ਰਵਾਨਗੀ ਮਾਨਯੋਗ ਡਾਇਰੈਕਟਰ ਸਥਾਨਕ ਸਰਕਾਰ ਵਿਭਾਗ ਪੰਜਾਬ ਚੰਡੀਗੜ੍ਹ ਜੀ ਦੇ ਪੱਤਰ ਨੰ: ਸ1-ਜਥ-ਡਸਸ-2021/31906 ਮਿਤੀ 10-08-2021 ਰਾਹੀਂ 15 ਸਫਾਈ ਸੇਵਕਾਂ ਨੂੰ ਕੰਟਰੈਕਟ ਬੇਸਿਜ਼ ਤੇ ਕਿਰਤ ਵਿਭਾਗ (ਡੀ.ਸੀ.ਰੇਟ) ਤੇ ਰੱਖਣ ਦੀ ਪ੍ਰਵਾਨਗੀ ਦੇ ਦਿੱਤੀ ਹੈ। ਇਸ ਲਈ ਪੰਜਾਬ ਦੇ ਵਸਨੀਕ ਚਾਹਵਾਨ ਉਮੀਦਵਾਰ ਤੋਂ ਮਿਤੀ 22-10-2021 ਤੱਕ ਨਾਲ ਨੱਥੀ ਪ੍ਰੋਫਾਰਮੇ ਵਿੱਚ ਬਿਨੈ ਪੱਤਰਾਂ (ਸਮੇਤ ਦਸਤਾਵੇਜਾਂ ਦੀਆ ਕਾਪੀਆਂ) ਦੀ ਮੰਗ ਕੀਤੀ ਜਾਂਦੀ ਹੈ। ਚਾਹਵਾਨ ਉਮੀਦਵਾਰ ਮਿਤੀ 22-10-2021 ਤੱਕ ਰਜਿਸਟਰਡ ਡਾਕ ਰਾਹੀਂ ਜਾ ਦਸਤੀ ਤੋਰ ਤੇ ਬਿਨੈ-ਪੱਤਰ (ਸਮੇਤ ਦਸਤਾਵੇਜਾਂ ਦੀਆ ਕਾਪੀਆਂ) ਦਫਤਰ ਨਗਰ ਕੌਂਸਲ ਰਾਮਦਾਸ ਵਿਖੇ ਜਮ੍ਹਾਂ ਕਰਵਾ ਸਕਦੇ ਹਨ। ਨਿਰਧਾਰਿਤ ਮਿਤੀ ਤੋਂ ਬਾਅਦ ਪ੍ਰਾਪਤ ਹੋਏ ਬਿਨੈ-ਪੱਤਰਾਂ ਤੇ ਗੌਰ ਨਹੀ ਕੀਤਾ ਜਾਵੇਗਾ। ਚਾਹਵਾਨ ਉਮੀਦਵਾਰ ਵੱਲੋਂ ਬਿਨੈ-ਪੱਤਰ ਵਿੱਚ ਦਰਜ ਦਸਤਾਵੇਜਾਂ ਦੀਆਂ ਸਵੈ ਤਸਦੀਕ ਕਾਪੀਆਂ ਨਾਲ ਨੱਥੀ ਕੀਤੀਆ ਜਾਣ। ਇਸ ਤੋਂ ਇਲਾਵਾ ਚਾਹਵਾਨ ਉਮੀਦਵਾਰ ਵਿਰੁੱਧ ਕੋਈ ਫੋਜਦਾਰੀ ਕੇਸ ਨਾ ਚੱਲ ਰਹੇ ਹੋਣ ਸਬੰਧੀ ਸਵੈ-ਘੋਸ਼ਣਾ ਵੀ ਨਾਲ ਨੱਥੀ ਕੀਤਾ ਜਾਵੇ।

ਅਸਾਮੀ ਦਾ ਨਾਮ	ਅਸਾਮੀਆਂ ਦੀ ਗਿਣਤੀ	ਤਨਖਾਹ ਸਕੇਲ	ਵਿਦਿੱਅਕ ਯੋਗਤਾ	ਉਮਰ (ਮਿਤੀ 01-01-2021 ਤੱਕ)
ਸਫਾਈ ਸੇਵਕ	15	ਕਿਰਤ ਵਿਭਾਗ/ਡਿਪਟੀ ਕਮਿਸ਼ਨਰ ਜੀ ਵਲੋਂ ਸਮੇਂ-2 ਤੇ ਨਿਰਧਾਰਿਤ ਕੀਤੇ ਲੇਬਰ ਰੇਟ	ਉਮੀਦਵਾਰ ਨੂੰ ਪੜਨ ਲਿਖਣ ਦੀ ਜਾਣਕਾਰੀ ਹੋਣੀ ਜਰੂਰੀ ਹੈ।	18 ਤੋਂ 37 ਸਾਲ

ਚਾਹਵਾਨ ਉਮੀਦਵਾਰ ਦੀ ਉਮਰ ਮਿਤੀ 01-01-2021 ਨੂੰ 18 ਸਾਲ ਤੋਂ 37 ਸਾਲ ਦੇ ਵਿਚਕਾਰ ਹੋਣੀ ਚਾਹੀਦੀ ਹੈ। ਇਨ੍ਹਾ ਨਿਯੁਕਤੀਆਂ ਵਿੱਚ ਪੰਜਾਬ ਸਰਕਾਰ ਦੀਆ ਹਦਾਇਤਾ ਅਨੁਸਾਰ ਉਮਰ ਵਿੱਚ ਬਣਦੀ ਛੋਟ ਦਿੱਤੀ ਜਾਵੇਗੀ। ਸਫਾਈ ਕਰਮਚਾਰੀਆਂ ਦੀ ਭਰਤੀ ਪੰਜਾਬ ਮਿਉਂਸਪਲ ਸਫਾਈ ਕਰਮਚਾਰੀ ਸੇਵਾ ਨਿਯਮ 1984 ਅਧੀਨ ਕੀਤੀ ਜਾਣੀ ਹੈ। ਸਰਕਾਰ ਦੀਆ ਹਦਾਇਤਾ ਅਨੁਸਾਰ ਸਫਾਈ ਸੇਵਕਾਂ ਦੀਆ ਨਿਯੁਕਤੀਆਂ ਲਈ ਸਥਾਨਕ ਸਰਕਾਰਾਂ ਵਿਭਾਗ ਵਿੱਚ ਘੱਟ ਤੋਂ ਘੱਟ 3 ਸਾਲ ਦੇ ਤਜਰਬੇ ਵਾਲੇ ਨੂੰ ਪਹਿਲ ਦਿੱਤੀ ਜਾਵੇਗੀ। ਨਿਯੁਕਤੀ ਸਰਕਾਰ ਦੀਆ ਰਾਖਵਾਕਰਨ ਸਬੰਧੀ ਹਦਾਇਤਾ (ਰੋਸਟਰ ਅਨੁਸਾਰ) ਹੋਵੇਗੀ। ਉਮੀਦਵਾਰ ਫਿਜਕਲੀ ਫਿੱਟ ਹੋਣਾ ਚਾਹੀਦਾ ਹੈ। ਨਗਰ ਕੌਂਸਲ ਰਾਮਦਾਸ ਵੱਲੋਂ ਨਿਯੁਕਤ ਕੀਤੇ ਜਾ ਰਹੇ ਸਫਾਈ ਸੇਵਕਾਂ ਤੋਂ ਸਫਾਈ ਦੇ ਕੰਮ, ਨਾਲੇ-ਨਾਲੀਆਂ ਦੀ ਸਫਾਈ ਕੂੜਾ ਲਿਫਟਿੰਗ, ਸੋਲਿਡ ਵੇਸਟ ਦੇਖਭਾਲ, ਫੋਗਿੰਗ ਸਪਰੇਅ ਲੇਬਰ ਦੇ ਤੋਰ ਤੇ ਪੰਪ ਰਾਹੀਂ ਸਪਰੇ ਲੇਬਰ ਦੇ ਤੋਰ ਤੇ ਪਬਲਿਕ ਅਤੇ ਕਮਿਉਨਟੀ ਟੁਆਇਲਟਾ ਦੀ ਸਫਾਈ ਆਦਿ ਕੰਮ ਲਿਆ ਜਾ ਸਕਦਾ ਹੈ। ਉਮੀਦਵਾਰ ਕੌਂਸਲਿੰਗ ਸਮੇਂ ਲੋੜੀਂਦੀ ਵਿੱਦਿਅਕ ਯੋਗਤਾ, ਤਜਰਬੇ ਸਬੰਧੀ ਅਤੇ ਰਾਖਵਾਕਰਨ ਨਾਲ ਸਬੰਧਤ ਆਪਣੇ ਅਸਲ ਸਰਟੀਫਿਕੇਟ ਅਤੇ ਉਨ੍ਹਾ ਦੀਆ ਤਸਦੀਕ ਸ਼ੁਦਾ ਕਾਪੀਆਂ ਪੇਸ਼ ਕਰਨਗੇ। ਇਹ ਸਾਰੇ ਦਸਤਾਵੇਜ ਅਪਲਾਈ ਕਰਨ ਦੀ ਮਿਤੀ ਤੋਂ ਪਹਿਲਾ ਦੇ ਹੋਣੇ ਚਾਹੀਦੇ ਹਨ। ਕਾਉਂਸਲਿੰਗ ਵਿੱਚ ਆਉਣ ਵਾਲੇ ਉਮੀਦਵਾਰਾਂ ਨੂੰ ਕੋਈ ਟੀ.ਏ.ਡੀ.ਏ ਅਦਾ ਨਹੀ ਕੀਤਾ ਜਾਵੇਗਾ।

ਸਹੀ/-
ਪ੍ਰਧਾਨ,
ਨਗਰ ਕੌਂਸਲ ਰਾਮਦਾਸ।

ਸਹੀ/-
ਕਾਰਜ ਸਾਧਕ ਅਫਸਰ,
ਨਗਰ ਕੌਂਸਲ ਰਾਮਦਾਸ ।

Scanned with CamScanner